ਸਾਰਗ ਮਹਲਾ ੫ ॥ ਹਰਿ ਹਰਿ ਸੰਤ ਜਨਾ ਕੀ ਜੀਵਨਿ ॥ ਬਿਖੈ ਰਸ ਭੋਗ ਅੰਮ੍ਰਿਤ ਸੁਖ ਸਾਗਰ ਰਾਮ ਨਾਮ ਰਸੁ ਪੀਵਨਿ ॥੧॥ ਰਹਾਉ ॥ ਸੰਚਨਿ ਰਾਮ ਨਾਮ ਧਨੁ ਰਤਨਾ ਮਨ ਤਨ ਭੀਤਰਿ ਸੀਵਨਿ ॥ ਹਰਿ ਰੰਗ ਰਾਂਗ ਭਏ ਮਨ ਲਾਲਾ ਰਾਮ ਨਾਮ ਰਸ ਖੀਵਨਿ ॥੧॥ ਜਿਉ ਮੀਨਾ ਜਲ ਸਿਉ ਉਰਝਾਨੋ ਰਾਮ ਨਾਮ ਸੰਗਿ ਲੀਵਨਿ ॥ ਨਾਨਕ ਸੰਤ ਚਾਤ੍ਰਿਕ ਕੀ ਨਿਆਈ ਹਰਿ ਬੂੰਦ ਪਾਨ ਸੁਖ ਥੀਵਨਿ ॥੨॥੬੮॥੯੧॥ {ਪੰਨਾ 1222}

ਪਦਅਰਥ:- ਜੀਵਨਿ—ਜੀਵਨੀ, ਜੀਵਨ-ਰਹਿਤ। ਬਿਖੈ ਭੋਗ—ਵਿਸ਼ਿਆਂ ਦੇ ਭੋਗ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੇ। ਪੀਵਨਿ—ਪੀਂਦੇ ਹਨ {ਵਰਤਮਾਨ ਕਾਲ, ਅੱਨ ਪੁਰਖ, ਬਹੁ-ਵਚਨ}।1।

ਸੰਚਨਿ—ਇਕੱਠਾ ਕਰਦੇ ਹਨ। ਸੀਵਨਿ—ਪ੍ਰੋਂਦੇ ਹਨ। ਰਾਂਗ ਭਏ—ਰੰਗੇ ਜਾਂਦੇ ਹਨ। ਖੀਵਨਿ—ਮਸਤ ਹੋਏ ਰਹਿੰਦੇ ਹਨ।1।

ਮੀਨਾ—ਮੱਛੀ। ਸਿਉ—ਨਾਲ। ਉਰਝਾਨੋ—ਲਪਟੀ ਰਹਿੰਦੀ ਹੈ। ਸੰਗਿ—ਨਾਲ। ਲੀਵਨਿ—ਲਿਵ ਜੋੜੀ ਰੱਖਦੇ ਹਨ। ਚਾਤ੍ਰਿਕ—ਪਪੀਹਾ। ਨਿਆਈ—ਵਾਂਗ। ਪਾਨ—ਪਾਨ ਕਰ ਕੇ, ਪੀ ਕੇ। ਥੀਵਨਿ—ਹੁੰਦੇ ਹਨ।2।

ਅਰਥ:- ਹੇ ਭਾਈ! ਪਰਮਾਤਮਾ ਦੇ ਭਗਤ ਆਤਮਕ ਜੀਵਨ ਦੇਣ ਵਾਲੇ ਸੁਖਾਂ ਦੇ ਸਮੁੰਦਰ ਹਰਿ-ਨਾਮ ਦਾ ਰਸ (ਸਦਾ) ਪੀਂਦੇ ਰਹਿੰਦੇ ਹਨ, ਇਹੀ ਉਹਨਾਂ ਵਾਸਤੇ ਦੁਨੀਆ ਵਾਲੇ ਵਿਸ਼ੇ ਭੋਗਾਂ ਦਾ ਸੁਆਦ ਹੈ—ਇਹ ਹੈ ਜ਼ਿੰਦਗੀ ਸੰਤ ਜਨਾਂ ਦੀ।1। ਰਹਾਉ।

ਹੇ ਭਾਈ! ਸੰਤ ਜਨ ਪਰਮਾਤਮਾ ਦਾ ਨਾਮ-ਧਨ ਇਕੱਠਾ ਕਰਦੇ ਹਨ, ਨਾਮ-ਰਤਨ ਇਕੱਠੇ ਕਰਦੇ ਹਨ, ਅਤੇ ਆਪਣੇ ਮਨ ਵਿਚ ਹਿਰਦੇ ਵਿਚ (ਉਹਨਾਂ ਨੂੰ) ਪ੍ਰੋ ਰੱਖਦੇ ਹਨ। ਪਰਮਾਤਮਾ ਦੇ ਨਾਮ-ਰੰਗ ਨਾਲ ਰੰਗੀਜ ਕੇ ਉਹਨਾਂ ਦਾ ਮਨ ਗੂੜ੍ਹੇ ਰੰਗ ਵਾਲਾ ਹੋਇਆ ਰਹਿੰਦਾ ਹੈ, ਉਹ ਹਰਿ-ਨਾਮ ਦੇ ਰਸ ਨਾਲ ਮਸਤ ਰਹਿੰਦੇ ਹਨ।1।

ਹੇ ਭਾਈ! ਜਿਵੇਂ ਮੱਛੀ ਪਾਣੀ ਨਾਲ ਲਪਟੀ ਰਹਿੰਦੀ ਹੈ (ਪਾਣੀ ਤੋਂ ਬਿਨਾ ਜੀਊ ਨਹੀਂ ਸਕਦੀ) ਤਿਵੇਂ ਸੰਤ ਜਨ ਹਰਿ-ਨਾਮ ਵਿਚ ਲੀਨ ਰਹਿੰਦੇ ਹਨ। ਹੇ ਨਾਨਕ! ਸੰਤ ਜਨ ਪਪੀਹੇ ਵਾਂਗ ਹਨ (ਜਿਵੇਂ ਪਪੀਹਾ ਸ੍ਵਾਂਤੀ ਨਛੱਤ੍ਰ ਦੀ ਵਰਖਾ ਦੀ ਬੂੰਦ ਪੀ ਕੇ ਤ੍ਰਿਪਤ ਹੁੰਦਾ ਹੈ, ਤਿਵੇਂ ਸੰਤ ਜਨ) ਪਰਮਾਤਮਾ ਦੇ ਨਾਮ ਦੀ ਬੂੰਦ ਪੀ ਕੇ ਸੁਖੀ ਹੁੰਦੇ ਹਨ।2। 68। 91।